**ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ) ਪੰਜਾਬ।**

**(ਕੰਪਲੈਕਸ ਪੰਜਾਬ ਸਕੂਲ ਐਜੂਕੇਸ਼ਨ ਬੋਰਡ, ਫੇਜ਼-8, ਬਲਾਕ-ਈ, ਐਸ.ਏ.ਐਸ. ਨਗਰ)**

ਪਬਲਿਕ ਨੋਟਿਸ

ਨੰਃ 336020/10 ਮਿਤੀ 12-05-2023

1.0 ਸਿੱਖਿਆ ਵਿਭਾਗ ,ਪੰਜਾਬ ਵਿੱਚ ਈ.ਟੀ.ਟੀ.ਕਾਡਰ ਦੀਆਂ 6635 ਆਸਾਮੀਆਂ ਭਰਨ ਲਈ ਮਿਤੀ 30-07-2021 ਨੂੰ ਵਿਗਿਆਪਨ ਦਿੱਤਾ ਗਿਆ ਸੀ। ਡਾਇਰੈਕਟਰ, ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ ਵੱਲੋਂ **5 ਉਮੀਦਵਾਰਾਂ ਦੀ ਪਾਤਰਤਾ Withheld ਤੋਂ Eligible ਕੀਤੀ ਚੋਣ ਸੂਚੀ ਮਿਤੀ 26-04-2023 ਨੂੰ** ਵੈਬਸਾਈਟ ਤੇ ਅਪਲੋਡ ਕੀਤੀ ਗਈ ਸੀ।

2.0 ਇਸ ਚੋਣ ਸੂਚੀ ਅਨੁਸਾਰ ਯੋਗ ਕਰਾਰ ਦਿੱਤੇ ਗਏ ਉਮੀਦਵਾਰਾਂ ਨੂੰ ਮਿਤੀ 13-05-2023 ਤੋਂ ਆਨਲਾਈਨ ਪ੍ਰੋਸੈਸ ਰਾਹੀਂ ਵਿਭਾਗ ਦੇ ਪੋਰਟਲ ਤੇ ਸਟੇਸ਼ਨ ਚੋਣ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਇਹ ਪੋਰਟਲ ਮਿਤੀ 13-05-2023 ਤੋਂ 14-05-2023 ਤੱਕ ਖੁੱਲ੍ਹਾ ਰਹੇਗਾ। ਉਮੀਦਵਾਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਕਤ ਸਡਿਊਲ ਅਨੁਸਾਰ ਆਪਣੀ ਪਸੰਦ ਦਾ ਸਟੇਸ਼ਨ ਚੋਣ ਕਰਨਾ ਯਕੀਨੀ ਬਣਾਇਆ ਜਾਵੇ। ਹਰੇਕ ਉਮੀਦਵਾਰ ਆਪਣੀ ਆਈ.ਡੀ. ਵਿੱਚ ਸੋਅ ਹੋ ਰਹੀ ਵੈਕੰਸੀ ਲਿਸਟ ਵਿੱਚੋਂ ਆਪਣੀ ਪਸੰਦ ਦੇ ਜਿੰਨੇ ਮਰਜੀ ਸਟੇਸ਼ਨਾਂ ਦੀ ਆਪਸਨ ਆਪਣੀ ਆਈ.ਡੀ ਵਿੱਚ ਭਰ ਸਕਦੇ ਹਨ। ਇਹ ਪ੍ਰਕਿਰਿਆ ਸਮੁੱਚੇ ਰੂਪ ਵਿੱਚ ਆਨ-ਲਾਈਨ ਹੀ ਹੋਵੇਗੀ। ਜਿਹੜੇ ਯੋਗ ਉਮੀਦਵਾਰ ਸਟੇਸ਼ਨ ਚੋਣ ਨਹੀ ਕਰਨਗੇ, ਉਹਨਾਂ ਨੂੰ ਖਾਲੀ ਰਹਿੰਦੇ ਵਿੱਚੋਂ ਸਟੇਸ਼ਨਾਂ ਵਿੱਚੋਂ ਕੋਈ ਇੱਕ ਸਟੇਸ਼ਨ ਆਨਲਾਈਨ ਪ੍ਰਕ੍ਰਿਆ ਤਹਿਤ MIS ਵੱਲੋਂ ਅਲਾਟ ਕਰ ਦਿੱਤਾ ਜਾਵੇਗਾ, ਜਿਸਨੂੰ ਮੁੜ ਬਦਲਿਆ ਨਹੀਂ ਜਾਵੇਗਾ।

3.0 ਇਥੇ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਉਮੀਦਵਾਰ ਵੱਲੋਂ ਸਟੇਸ਼ਨ ਚੋਣ ਲਈ ਆਪਣੀ ਪਸੰਦ ਦੇ ਚੁਣੇ ਗਏ ਸਟੇਸ਼ਨਾਂ ਦੀ ਅਲਾਟਮੈਂਟ, ਉਸ ਤੋਂ ਹਾਇਰ ਮੈਰਿਟ ਵਾਲੇ ਉਮੀਦਵਾਰ ਨੂੰ ਹੋ ਜਾਂਦੀ ਹੈ (ਭਾਵ ਉਸ ਵੱਲੋਂ ਚੁਣੇ ਗਏ ਸਾਰੇ ਸਟੇਸ਼ਨ ਹੋਰ ਉਮੀਦਵਾਰਾਂ ਨੂੰ ਅਲਾਟ ਹੋ ਚੁੱਕੇ ਹੋਣਗੇ) ਤਾਂ ਅਜਿਹੀ ਸੂਰਤ ਵਿੱਚ ਉਸਨੂੰ ਵੀ ਖਾਲੀ ਰਹਿੰਦੇ ਸਟੇਸ਼ਨਾ ਵਿੱਚੋਂ ਕੋਈ ਇੱਕ ਸਟੇਸ਼ਨ ਆਨਲਾਈਨ ਪ੍ਰਕ੍ਰਿਆ ਤਹਿਤ MIS ਵੱਲੋਂ ਅਲਾਟ ਹੋ ਜਾਵੇਗਾ।

**ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ)**
**ਪੰਜਾਬ।**

**ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ) ਪੰਜਾਬ।**

**(ਕੰਪਲੈਕਸ ਪੰਜਾਬ ਸਕੂਲ ਐਜੂਕੇਸ਼ਨ ਬੋਰਡ, ਫੇਜ਼-8, ਬਲਾਕ-ਈ, ਐਸ.ਏ.ਐਸ. ਨਗਰ)**

ਪਬਲਿਕ ਨੋਟਿਸ

**ਨੰ: 381540 /11** **ਮਿਤੀ 12-05-2023**

1.0 ਸਿੱਖਿਆ ਵਿਭਾਗ ,ਪੰਜਾਬ ਵਿੱਚ ਈ.ਟੀ.ਟੀ.ਕਾਡਰ ਦੀਆਂ 6635 ਆਸਾਮੀਆਂ ਭਰਨ ਲਈ ਮਿਤੀ 30-07-2021 ਨੂੰ ਵਿਗਿਆਪਨ ਦਿੱਤਾ ਗਿਆ ਸੀ। ਡਾਇਰੈਕਟਰ, ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ ਵੱਲੋਂ ਸਿਲੈਕਟ ਹੋਏ **765 ਯੋਗ ਉਮੀਦਵਾਰਾਂ ਦੀ ਕੈਟਾਗਰੀ ਵਾਈਜ ਚੋਣ ਸੂਚੀ ਮਿਤੀ 05-05-2023** ਨੂੰ ਪੋਰਟਲ ਤੇ ਅਪਲੋਡ ਕੀਤੀ ਜਾ ਚੁੱਕੀ ਹੈ।

2.0 ਇਸ ਚੋਣ ਸੂਚੀ ਅਨੁਸਾਰ ਯੋਗ ਕਰਾਰ ਦਿੱਤੇ ਗਏ ਉਮੀਦਵਾਰਾਂ ਨੂੰ ਮਿਤੀ 13-05-2023 ਤੋਂ ਆਨਲਾਈਨ ਪ੍ਰੋਸੈਸ ਰਾਹੀਂ ਵਿਭਾਗ ਦੇ ਪੋਰਟਲ ਤੇ ਸਟੇਸ਼ਨ ਚੋਣ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਇਹ ਪੋਰਟਲ ਮਿਤੀ 13-05-2023 ਤੋਂ 14-05-2023 ਤੱਕ ਖੁੱਲ੍ਹਾ ਰਹੇਗਾ। ਪੰਜਾਬ ਸਰਕਾਰ ਸਿੱਖਿਆ ਵਿਭਾਗ ਦੇ ਪੱਤਰ ਨੰ: SED-EDU7013/25/2023-3EDU7/1/ 548292 / 2023 ਮਿਤੀ 21-04-2023 ਅਨੁਸਾਰ, ਵਿਭਾਗ ਵੱਲੋਂ ਹਰੇਕ ਯੋਗ ਉਮੀਦਵਾਰ ਦੀ ਆਈ.ਡੀ ਤੇ ਸਵੈ-ਘੋਸ਼ਣਾ ਪੱਤਰ ਅਪਲੋਡ ਕੀਤਾ ਜਾਵੇਗਾ,ਜੋ ਕੇ ਹਰਕੇ ਯੋਗ ਉਮੀਦਵਾਰ ਨੂੰ ਭਰਨਾ ਲਾਜਮੀ ਹੋਵੇਗਾ। ਇਸ ਤੋਂ ਇਲਾਵਾ ਯੋਗ ਉਮੀਦਵਾਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਕਤ ਸ਼ਡਿਊਲ ਅਨੁਸਾਰ ਆਪਣੀ ਪਸੰਦ ਦਾ ਸਟੇਸ਼ਨ ਚੋਣ ਕਰਨਾ ਯਕੀਨੀ ਬਣਾਇਆ ਜਾਵੇ। ਹਰੇਕ ਉਮੀਦਵਾਰ ਆਪਣੀ ਆਈ.ਡੀ. ਵਿੱਚ ਸ਼ੋਅ ਹੋ ਰਹੀ ਵੈਕੰਸੀ ਲਿਸਟ ਵਿੱਚੋਂ ਆਪਣੀ ਪਸੰਦ ਦੇ ਜਿੰਨੇ ਮਰਜੀ ਸਟੇਸ਼ਨਾਂ ਦੀ ਆਪਸਨ ਆਪਣੀ ਆਈ.ਡੀ ਵਿੱਚ ਭਰ ਸਕਦੇ ਹਨ। ਇਹ ਪ੍ਰਕਿਰਿਆ ਸਮੁੱਚੇ ਰੂਪ ਵਿੱਚ ਆਨ-ਲਾਈਨ ਹੀ ਹੋਵੇਗੀ। ਜਿਹੜੇ ਯੋਗ ਉਮੀਦਵਾਰ ਸਟੇਸ਼ਨ ਚੋਣ ਨਹੀ ਕਰਨਗੇ, ਉਹਨਾਂ ਨੂੰ ਖਾਲੀ ਰਹਿੰਦੇ ਸਟੇਸ਼ਨਾਂ ਵਿੱਚੋਂ ਕੋਈ ਇੱਕ ਸਟੇਸ਼ਨ ਆਨਲਾਈਨ ਪ੍ਰਕ੍ਰਿਆ ਤਹਿਤ MIS ਵੱਲੋਂ ਅਲਾਟ ਕਰ ਦਿੱਤਾ ਜਾਵੇਗਾ, ਜਿਸਨੂੰ ਮੁੜ ਬਦਲਿਆ ਨਹੀਂ ਜਾਵੇਗਾ।

3.0 ਇਥੇ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਉਮੀਦਵਾਰ ਵੱਲੋਂ ਸਟੇਸ਼ਨ ਚੋਣ ਲਈ ਆਪਣੀ ਪਸੰਦ ਦੇ ਚੁਣੇ ਗਏ ਸਟੇਸ਼ਨਾਂ ਦੀ ਅਲਾਟਮੈਂਟ, ਉਸ ਤੋਂ ਹਾਇਰ ਮੈਰਿਟ ਵਾਲੇ ਉਮੀਦਵਾਰ ਨੂੰ ਹੋ ਜਾਂਦੀ ਹੈ (ਭਾਵ ਉਸ ਵੱਲੋਂ ਚੁਣੇ ਗਏ ਸਾਰੇ ਸਟੇਸ਼ਨ ਹੋਰ ਉਮੀਦਵਾਰਾਂ ਨੂੰ ਅਲਾਟ ਹੋ ਚੁੱਕੇ ਹੋਣਗੇ) ਤਾਂ ਅਜਿਹੀ ਸੂਰਤ ਵਿੱਚ ਉਸਨੂੰ ਵੀ ਖਾਲੀ ਰਹਿੰਦੇ ਸਟੇਸ਼ਨਾ ਵਿੱਚੋਂ ਕੋਈ ਇੱਕ ਸਟੇਸ਼ਨ ਆਨਲਾਈਨ ਪ੍ਰਕ੍ਰਿਆ ਤਹਿਤ ਵਿਭਾਗ ਦੀ MIS ਸ਼ਾਖਾ ਵੱਲੋਂ ਅਲਾਟ ਹੋ ਜਾਵੇਗਾ।

4.0 ਜੋ ਉਮੀਦਵਾਰ ਵਿਗਿਆਪਨ ਮਿਤੀ 30-07-2021 ਅਧੀਨ ਪਹਿਲਾਂ ਹੀ ਚੁਣੇ ਗਏ ਸਨ, ਵਿਭਾਗ ਵੱਲੋਂ ਪਹਿਲਾਂ ਹੀ ਉਹਨਾਂ ਨੂੰ ਨਿਯੁਕਤੀ ਪੱਤਰ ਜਾਰੀ ਕੀਤਾ ਜਾ ਚੁੱਕਾ ਹੈ, ਹਾਜ਼ਰ ਹੋਣ ਉਪਰੰਤ ਸਰਕਾਰੀ ਨੌਕਰੀ ਵਿੱਚ ਬਤੌਰ ਈ.ਟੀ.ਟੀ.ਟੀਚਰ ਕੰਮ ਕਰ ਰਹੇ ਹਨ ਅਤੇ ਹੁਣ ਮੁੜ ਕਿਸੇ ਹੋਰ ਕੈਟਾਗਰੀ ਵਿੱਚ ਚੋਣ ਹੋਈ ਹੈ, ਇਸ ਤਰ੍ਹਾਂ ਦੇ ਉਮੀਦਵਾਰ ਆਪਣੀ ਪੁਰਾਣੀ ਨਿਯੁਕਤੀ ਤੋਂ ਅਸਤੀਫਾ ਦੇਣ ਉਪਰੰਤ, ਉਹਨਾਂ ਨੂੰ ਸਮਰੱਥ ਅਧਿਕਾਰੀ ਵੱਲੋਂ ਨਵਾਂ ਨਿਯੁਕਤੀ ਪੱਤਰ ਜਾਰੀ ਕੀਤਾ ਜਾਵੇਗਾ। ਇਸ ਤਰ੍ਹਾਂ ਦੇ ਉਮੀਦਵਾਰਾਂ ਦਾ ਨਿਯੁਕਤੀ ਦਾ ਸਥਾਨ ਜੋ ਪਹਿਲਾਂ ਸੀ ਉਹੀ ਅਲਾਟ ਕੀਤਾ ਜਾਵੇਗਾ।

**ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ)**
**ਪੰਜਾਬ।**

## <u>ਸਵੈ ਘੋਸ਼ਣਾ</u>

ਮੈਂ.............................. ਪੁੱਤਰ / ਪੁੱਤਰੀ ਸ਼੍ਰੀ................................ ਵਾਸੀ .....................
...................................ਹੇਠ ਲਿਖੇ ਅਨੁਸਾਰ ਘੋਸ਼ਣਾ ਕਰਦਾ/ਕਰਦੀ ਹਾਂ:-

I) ਇਹ ਕਿ 6635 ਈ ਟੀ ਟੀ ਅਧਿਆਪਕਾਂ ਦੀ ਭਰਤੀ ਜੋ ਕਿ ਵਿਭਾਗ ਵਲੋਂ ਮਿਤੀ ................................ਨੂੰ ਦਿੱਤੇ ਗਏ ਵਿਗਿਆਪਨ ਅਧੀਨ ਆਰੰਭੀ ਗਈ ਸੀ, ਇਸ ਭਰਤੀ ਅਧੀਨ ਮੇਰੀ ਮੈਰਿਟ ...................... ਕੈਟਾਗਰੀ ...............................ਅਤੇ ਰਜਿ ਨੰ ................................. ਅਧੀਨ ਬਤੌਰ ਈ ਟੀ ਟੀ ਟੀਚਰ ਨਿਯੁਕਤੀ ਹੋਈ ਹੈ।

II) ਇਹ ਕਿ ਮੇਰੀ ਇਹ ਸਿੱਖਿਆ ਵਿਭਾਗ ਪੰਜਾਬ ਵਿੱਚ ਬਤੌਰ ਈ ਟੀ ਟੀ ਟੀਚਰ ਪਹਿਲੀ ਨਿਯਕੁਤੀ ਹੈ।

III) ਇਹ ਕਿ ਮੈਂ ਸਿੱਖਿਆ ਵਿਭਾਗ ਵਿੱਚ ਉਕਤ ਲੜੀ ਨੰ (1) ਤੇ ਦਰਸਾਈ ਭਰਤੀ ਅਧੀਨ ਨਿਯੁਕਤੀ ਉਪਰੰਤ ਬਤੌਰ ਈ ਟੀ ਟੀ ਟੀਚਰ ਕੰਮ ਨਹੀਂ ਕਰ ਰਿਹਾ ਹਾਂ।

ਜਾਂ

ਇਹ ਕਿ ਮੈਂ ਸਿੱਖਿਆ ਵਿਭਾਗ ਵਿੱਚ ਉਕਤ ਲੜੀ ਨੰ (1) ਤੇ ਦਰਸਾਈ ਭਰਤੀ ਅਧੀਨ ਨਿਯੁਕਤੀ ਉਪਰੰਤ ...........ਮੈਰਿਟ ਅੰਕਾਂ ਅਤੇ .............ਕੈਟਾਗਰੀ ਅਧੀਨ ਬਤੌਰ ਈ ਟੀ ਟੀ ਟੀਚਰ ..........................ਸਕੂਲ, ਜਿਲਾ................... ਵਿਖੇ ਨਿਯੁਕਤ ਹਾਂ।

IV) ਜੇਕਰ ਮੇਰੇ ਵੱਲੋਂ ਉਪਰੋਕਤ ਦਰਸਾਏ ਤੱਥ ਭਵਿੱਖ ਵਿੱਚ ਗਲਤ ਪਾਏ ਜਾਂਦੇ ਹਨ ਤਾਂ ਵਿਭਾਗ ਮੇਰੇ ਵਿਰੁੱਧ ਕਾਨੂੰਨੀ ਕਾਰਵਾਈ ਕਰ ਸਕਦਾ ਹੈ ਅਤੇ ਮੇਰਾ ਇਹ ਨਿਯੁਕਤੀ ਪੱਤਰ ਬਿਨਾ ਨੋਟਿਸ ਦਿੱਤੇ ਰੱਦ ਕਰ ਸਕਦਾ ਹੈ।

**<u>ਵੈਰੀਫਿਕੇਸ਼ਨ :-</u>**

<u>ਮੈਂ ਤਸਦੀਕ ਕਰਦਾ/ਕਰਦੀ ਹਾਂ ਕਿ ਮੇਰੇ ਵੱਲੋਂ ਉਕਤ ਦਰਜ਼ ਕੀਤੇ ਗਏ ਤੱਥ ਬਿਲਕੁਲ ਦਰੁਸਤ ਹਨ, ਜੇਕਰ ਇਹਨਾਂ ਤੱਥਾਂ ਵਿੱਚ ਮੇਰੇ ਵੱਲੋਂ ਕੋਈ ਗਲਤ ਜਾਣਕਾਰੀ ਭਰੀ ਗਈ ਹੈ। ਮੈਂ ਉਸ ਲਈ ਨਿੱਜੀ ਤੌਰ ਤੇ ਆਪ ਜਿੰਮੇਵਾਰ ਹੋਵਾਂਗਾ/ਹੋਵਾਂਗੀ। ਵਿਭਾਗ ਮੇਰੇ ਵਿਰੁੱਧ ਕਾਨੂੰਨੀ ਕਾਰਵਾਈ ਕਰ ਸਕਦਾ ਹੈ।</u>

ਸਥਾਨ: ਹਸਤਾਖਰ

ਮਿਤੀ : ਮੋ. ਨੰ.